## ਦਫ਼ਤਰ ਜ਼ਿਲ੍ਹਾ ਚੋਣ ਅਫ਼ਸਰ, ਬਠਿੰਡਾ

**OFFICE DISTRICT ELECTION OFFICER, BATHINDA**
(Room No. 303, 2nd Floor Mini Secretariat)
Phone No. 0164-2211022 E-mail : e-elbtd@punjab.gov.in

ਸੇਵਾ ਵਿਖੇ,

1. ਜ਼ਿਲ੍ਹਾ ਸਿੱਖਿਆ ਅਫ਼ਸਰ, (ਸੈਕੰਡਰੀ)
2. ਜ਼ਿਲ੍ਹਾ ਸਿੱਖਿਆ ਅਫ਼ਸਰ, (ਪ੍ਰਾਇਮਰੀ)
3. ਜ਼ਿਲ੍ਹਾ ਖੇਡ ਅਫ਼ਸਰ,
4. ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ
5. ਕੁਆਰਡੀਨੇਟਰ ਨਹਿਰੂ ਯੁਵਾ ਕੇਂਦਰ
6. ਮੁੱਖੀ, ਆਈ.ਐਚ.ਐਮ.
7. ਰਜਿਸਟਰਾਰ, ਆਦੇਸ਼ ਮੈਡੀਕਲ ਯੂਨੀਵਰਸਿਟੀ
8. ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਯੂਨੀਵਰਸਿਟੀ
9. ਸਮੂਹ ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲ/ਮੁੱਖੀ

ਜ਼ਿਲ੍ਹਾ ਬਠਿੰਡਾ।

ਪੱਤਰ ਨੰ. ਚੋਣ-2025/ 70

ਮਿਤੀ 8/1/25

ਵਿਸ਼ਾ:- "Punjab Election Quiz-2025" VC on dated 08.01.2025 reg.

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ 15ਵੇਂ ਰਾਸ਼ਟਰੀ ਵੋਟਰ ਦਿਵਸ ਦੇ ਮੌਕੇ ਤੇ ਸਵੀਪ ਗਤੀਵਿਧੀਆਂ ਅਧੀਨ ਹੋਣ ਜਾ ਰਹੇਂ "Punjab Election Quiz-2025" ਸਬੰਧੀ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਪੰਜਾਬ ਵਿੱਚ ਚੁਨਾਵ ਕੁਇਜ਼ ਮੁਕਾਬਲੇ ਕਰਵਾਏ ਜਾ ਰਹੇ ਹਨ। ਆਪ ਦੇ ਅਧੀਨ ਆਉਂਦੇ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਮਿਤੀ 28.12.2024 ਤੋਂ 17.01.2025 ਵਿਚਕਾਰ ਰਜਿਸਟ੍ਰੇਸ਼ਨ ਕਰਵਾਈ ਜਾਵੇ। ਇਹ ਕੁਇਜ਼ ਮੁਕਾਬਲੇ ਜ਼ਿਲ੍ਹਾ ਪੱਧਰ ਤੇ ਆਨਲਾਈਨ ਮਿਤੀ 19.01.2025 ਦਿਨ ਐਤਵਾਰ ਨੂੰ ਹੋਵੇਗਾ ਅਤੇ ਸਟੇਟ ਪੱਧਰ ਤੇ ਆਫ ਲਾਇਨ ਕੁਇਜ਼ ਮਿਤੀ 24.01.2025 ਨੂੰ ਹੋਵੇਗਾ। ਵਿਦਿਆਰਥੀਆਂ ਦੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਉਪਰੰਤ ਰਿਪੋਰਟ ਇਸ ਦਫਤਰ ਪਾਸ ਭੇਜੀ ਜਾਵੇ। ਰਜਿਸਟ੍ਰੇਸ਼ਨ ਕਰਵਾਉਣ ਲਈ ਲਿੰਕ ਹੇਠ ਲਿਖੇ ਅਨੁਸਾਰ ਹੈ:-

https://punjab.indiastatquiz.com/NewRegister.aspx

ਵਧੀਕ ਜ਼ਿਲ੍ਹਾ ਚੋਣ ਅਫ਼ਸਰ,
ਬਠਿੰਡਾ।

ਪਿੱਠ ਅੰਕਣ ਨੰ. ਚੋਣ-2025/ 71-74
ਮਿਤੀ 8/1/25

ਉਪਰੋਕਤ ਦਾ ਇਕ ਉਤਾਰਾ:-

1. ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ, ਜ਼ਿਲ੍ਹਾ ਬਠਿੰਡਾ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੇ ਅਧੀਨ ਆਉਂਦੇ ਸਮੂਹ ਸੁਪਰਵਾਈਜ਼ਰ ਅਤੇ ਬੀ.ਐਲ.ਓਜ਼ ਨੂੰ ਹਦਾਇਤ ਕੀਤੀ ਜਾਵੇ ਕਿ ਆਪਣੇ ਪੋਲਿੰਗ ਸਟੇਸ਼ਨਾਂ ਤੇ ਘੱਟੋ-ਘੱਟ 25-25 ਨੌਜਵਾਨ/ਵਿਦਿਆਰਥੀ/ਵੋਟਰਾਂ ਦੀ ਕੁਇਜ਼ ਮੁਕਾਬਲੇ ਵਿੱਚ ਉਪਰ ਦਿੱਤੇ ਗਏ ਲਿੰਕ ਤੇ ਰਜਿਸਟ੍ਰੇਸ਼ਨ ਕਰਵਾਉਣੀ ਯਕੀਨੀ ਬਣਾਈ ਜਾਵੇ।
2. ਸਹਾਇਕ ਨੋਡਲ ਅਫ਼ਸਰ ਸਵੀਪ ਪਾਸ ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਮੀਟਿੰਗ ਸਬੰਧੀ ਵੀਡਿਓ ਕਾਨਫਰੰਸ ਵਿੱਚ ਜਾਰੀ ਹਦਾਇਤਾਂ ਅਨੁਸਾਰ ਸਮੇਂ ਸਿਰ ਕਾਰਵਾਈ ਕਰਨੀ ਯਕੀਨੀ ਬਣਾਈ ਜਾਵੇ।
3. ਸਟੈਨੋ ਟੂ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਜੀ ਪਾਸ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ।

ਵਧੀਕ ਜ਼ਿਲ੍ਹਾ ਚੋਣ ਅਫ਼ਸਰ,
ਬਠਿੰਡਾ।

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

ਪਿਠ ਅੰਕਣ ਨੰ :ਜੀ-1/1 ( )2025/ 6267 ਮਿਤੀ: 17.01.25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।